## ਦਫਤਰ ਜ਼ਿਲ੍ਹਾ ਮੈਜਿਸਟਰੇਟ, ਪਠਾਨਕੋਟ।

### (ਫੁਟਕਲ ਸ਼ਾਖਾ)

### ਹੁਕਮ

ਸਾਲ 2021 ਦੀ ਕਣਕ (ਫਸਲ) ਦੀ ਕਟਾਈ ਦਾ ਕੰਮ ਸ਼ੁਰੂ ਹੋਣ ਵਾਲਾ ਹੈ।ਕਣਕ ਦੀ ਫਸਲ ਦੀ ਕਟਾਈ ਆਮ ਤੌਰ ਤੇ ਕਿਸਾਨਾਂ ਵੱਲੋ ਕੰਬਾਈਨਾਂ ਨਾਲ ਕਰਵਾਈ ਜਾਂਦੀ ਹੈ। ਕਣਕ ਦੀ ਕਟਾਈ ਕਰਨ ਲਈ ਦਿਨ ਰਾਤ ਕੰਬਾਈਨਾਂ ਚਲਾਈਆਂ ਜਾਂਦੀਆਂ ਹਨ। ਇਹ ਕੰਬਾਈਨਾਂ ਰਾਤ ਵੇਲੇ ਹਰੀ ਕਣਕ, ਜੋ ਕਿ ਚੰਗੀ ਤਰ੍ਹਾ ਸੁੱਕੀ ਨਹੀਂ ਹੁੰਦੀ, ਵੀ ਕੱਟ ਦਿੰਦੀਆਂ ਹਨ ਜਿਸ ਨਾਲ ਕਿਸਾਨਾਂ ਨੂੰ ਸਿੱਧਾ ਨੁਕਸਾਨ ਹੁੰਦਾ ਹੈ। ਇਸ ਤੋਂ ਇਲਾਵਾ ਕੰਬਾਈਨਾਂ ਸੜਕ ਰਾਹੀਂ ਖੇਤਾਂ ਵਿੱਚ ਜਾਂਦੀਆਂ ਹਨ। ਜਿਸ ਕਰਕੇ ਆਮ ਟਰੈਫਿਕ ਦੇ ਵਿੱਚ ਕਾਫੀ ਵਿਘਨ ਪੈਂਦਾ ਹੈ ਅਤੇ ਐਕਸੀਡੈਂਟ ਦਾ ਖਤਰਾ ਬਣਿਆ ਰਹਿੰਦਾ ਹੈ। ਕਈ ਵਾਰ ਰਾਤ ਦਾ ਹਨੇਰਾ ਹੋਣ ਕਾਰਨ ਕੰਬਾਈਨਾਂ ਬਿਜਲੀ ਦੀਆਂ ਤਾਰਾਂ ਨਾਲ ਅਚਾਨਕ ਟਕਰਾ ਜਾਂਦੀਆਂ ਹਨ ਤੇ ਸ਼ਾਰਟ ਸਰਕਟ ਹੋਣ ਨਾਲ ਜਾਨੀ ਅਤੇ ਮਾਲੀ ਨੁਕਸਾਨ ਹੋ ਜਾਂਦਾ ਹੈ। ਇਸ ਤੋਂ ਇਲਾਵਾ ਰਾਤ ਨੂੰ ਨਮੀ ਹੋਣ ਕਾਰਨ ਕਣਕ ਸੁੱਕੀ ਨਹੀਂ ਹੁੰਦੀ ਅਤੇ ਨਮੀ ਵਾਲੀ ਕਣਕ ਦੀ ਨਿਲਾਮੀ ਹੋਣ ਵਿੱਚ ਦੇਰੀ ਹੋ ਜਾਂਦੀ ਹੈ। ਜਿਸ ਕਰਕੇ ਕਿਸਾਨਾਂ ਨੂੰ ਕਈ-ਕਈ ਦਿਨ ਮੰਡੀਆਂ ਵਿੱਚ ਖੱਜਲ ਖੁਆਰ ਹੋਣਾ ਪੈਂਦਾ ਹੈ। ਇਸ ਲਈ ਆਮ ਪਬਲਿਕ ਦੀ ਜਾਨ-ਮਾਲ ਦੀ ਸੁਰੱਖਿਆ ਨੂੰ ਯਕੀਨੀ ਬਨਾਉਣ ਲਈ ਰਾਤ ਸਮੇਂ ਕੰਬਾਇਨਾਂ ਚਲਾਉਣ ਤੇ ਪਾਬੰਦੀ ਲਗਾਈ ਜਾਣੀ ਜਰੂਰੀ ਹੈ।

ਇਸ ਲਈ ਮੈਂ ਸੰਯਮ ਅਗਰਵਾਲ, ਆਈ.ਏ.ਐਸ ਜ਼ਿਲ੍ਹਾ ਮੈਜਿਸਟਰੇਟ, ਪਠਾਨਕੋਟ ਜਾਬਤਾ ਫੌਜਦਾਰੀ ਸੰਘਤਾ 1973 (ਐਕਟ ਨੰ 2) ਦੀ ਧਾਰਾ 144 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਾ ਹੋਇਆ ਜ਼ਿਲ੍ਹਾ ਪਠਾਨਕੋਟ ਅੰਦਰ ਸ਼ਾਮ 7.00 ਵਜੇ ਤੋ ਸਵੇਰੇ 9.00 ਵਜੇ ਤੱਕ ਕੰਬਾਇਨਾਂ ਨਾਲ ਕਣਕ ਦੀ ਕਟਾਈ ਤੇ ਪਾਬੰਦੀ ਲਗਾਉਂਦਾ ਹਾਂ। ਇਸ ਤੋਂ ਇਲਾਵਾ ਜ਼ਿਲ੍ਹਾ ਪਠਾਨਕੋਟ ਅੰਦਰ ਕਣਕ ਕਟਾਈ ਕਰਨ ਵਾਲੀਆਂ ਕੰਬਾਇਨਾਂ ਦੇ ਮਾਲਕਾਂ ਨੂੰ ਹਦਾਇਤ ਕਰਦਾ ਹਾਂ ਕਿ ਹਾਰਵੈਸਟਰ ਕੰਬਾਇਨ ਦੀ ਵਰਤੋ ਕਰਨ ਤੋਂ ਪਹਿਲਾਂ ਇਸ ਦੀ ਖੇਤੀਬਾੜੀ ਵਿਭਾਗ ਰਾਹੀਂ ਅਪ੍ਰੇਸ਼ਨ ਵਰਦੀਨੈਂਸ ਬਾਰੇ ਇੰਸਪੈਕਸ਼ਨ ਕਰਵਾਉਣ ਅਤੇ ਕੋਈ ਵੀ ਕੰਬਾਇਨ ਹਾਰਵੈਸਟਰ Super SMS ਲਗਾਏ ਬਗੈਰ ਨਹੀਂ ਵਰਤਿਆ ਜਾਵੇ। ਮਾਮਲੇ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕ ਤਰਫਾ ਪਾਸ ਕੀਤਾ ਜਾਂਦਾ ਹੈ।

ਇਹ ਹੁਕਮ ਮਿਤੀ 18/04/2021 ਤੋਂ 15/06/2021 ਤੱਕ ਲਾਗੂ ਰਹੇਗਾ।

ਇਹ ਹੁਕਮ ਲਾਗੂ ਕਰਨ ਲਈ ਜ਼ਿਲ੍ਹਾ ਲੋਕ ਸੰਪਰਕ ਅਫਸਰ, ਪਠਾਨਕੋਟ ਵੱਲੋਂ ਮੀਡੀਆ/ਅਖਬਾਰਾਂ ਰਾਹੀਂ ਆਮ ਪਬਲਿਕ ਨੂੰ ਸੂਚਿਤ /ਪ੍ਰਚਾਰ ਕੀਤਾ ਜਾਵੇਗਾ ਅਤੇ ਹੁਕਮ ਦੀਆਂ ਨਕਲਾਂ ਅਦਾਲਤ ਡੀ.ਐਮ/ਏ.ਡੀ.ਐਮ/ਉਪ ਮੰਡਲ ਮੈਜਿਸਟਰੇਟਾਂ, ਤਹਿਸੀਲ ਦਫਤਰਾਂ/ਨਗਰ ਕੌਂਸਲਾਂ /ਬੀ.ਡੀ.ਪੀ.ਓ ਦਫਤਰਾਂ ਦੇ ਨੋਟਿਸ ਬੋਰਡ ਤੇ ਚਸਪਾ ਕਰਕੇ ਲਾਗੂ ਕੀਤਾ ਜਾਵੇਗਾ।

ਇਹ ਹੁਕਮ ਅੱਜ ਮਿਤੀ ........ ਨੂੰ ਮੇਰੇ ਦਸਤਖਤਾਂ ਅਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।

DISTRICT MAGISTRATE PATHANKOT

ਸੰਯਮ ਅਗਰਵਾਲ, ਆਈ.ਏ.ਐਸ
ਜ਼ਿਲ੍ਹਾ ਮੈਜਿਸਟਰੇਟ,
ਪਠਾਨਕੋਟ।

ਪਿੱਠ ਅੰਕਣ ਨੰ:- 3585-3621 ਮਿਤੀ :- 09/04/2021

ਉਕਤ ਦਾ ਉਤਾਰਾ ਨਿਮਨ - ਲਿਖਤ ਪਾਸ ਸੂਚਨਾ /ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1) ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2) ਪ੍ਰਮੁੱਖ ਸਕੱਤਰ, ਗ੍ਰਹਿ ਵਿਭਾਗ, ਚੰਡੀਗੜ੍ਹ।
3) ਡਾਇਰੈਕਟਰ ਜਨਰਲ ਆਫ ਪੁਲਿਸ, ਪੰਜਾਬ, ਚੰਡੀਗੜ੍ਹ।
4) ਪੰਜਾਬ ਰਾਜ ਦੇ ਸਮੂਹ ਜ਼ਿਲ੍ਹਾ ਮੈਜਿਸਟਰੇਟ ਸ੍ਰੀ ਅੰਮ੍ਰਿਤਸਰ ਸਾਹਿਬ, ਬਰਨਾਲਾ, ਬਠਿੰਡਾ, ਫਰੀਦਕੋਟ, ਫਤਿਹਗੜ੍ਹ ਸਾਹਿਬ, ਫਾਜਿਲਕਾ, ਫਿਰੋਜਪੁਰ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਕਪੂਰਥਲਾ,ਲੁਧਿਆਣਾ, ਮੋਗਾ, ਮੋਹਾਲੀ, ਸ੍ਰੀ ਮੁਕਤਸਰ ਸਾਹਿਬ, ਮਾਨਸਾ, ਪਟਿਆਲਾ, ਰੂਪ ਨਗਰ, ਸੰਗਰੂਰ, ਸ਼ਹੀਦ ਭਗਤ ਸਿੰਘ ਨਗਰ(ਨਵਾਂ ਸ਼ਹਿਰ), ਤਰਨ ਤਾਰਨ।
5) ਜ਼ਿਲ੍ਹਾ ਅਤੇ ਸ਼ੈਸ਼ਨਜ਼ ਜੱਜ, ਪਠਾਨਕੋਟ।
6) ਸੀਨੀਅਰ ਕਪਤਾਨ ਪੁਲਿਸ, ਪਠਾਨਕੋਟ।
7) ਅਧੀਨ ਸਕੱਤਰ ਮਾਲ(ਕ) ਪੰਜਾਬ ਸਰਕਾਰ, ਮਾਲ,ਪੁਨਰਵਾਸ ਤੇ ਡਿਜਾਸਟਰ ਮੈਨੇਜ਼ਮੈਂਟ ਵਿਭਾਗ(ਮਾਲ ਤਾਲਮੇਲ ਸ਼ਾਖਾ),ਚੰਡੀਗੜ੍ਹ।
8) ਉਪ ਮੰਡਲ ਮੈਜਿਸਟਰੇਟ, ਪਠਾਨਕੋਟ/ਧਾਰਕਲ੍ਹਾਂ।
9) ਜ਼ਿਲ੍ਹਾ ਅਟਾਰਨੀ, ਪਠਾਨਕੋਟ।
10) ਜ਼ਿਲ੍ਹਾ ਕੰਟਰੋਲਰ ਖੁਰਾਕ ਤੇ ਸਿਵਲ ਸਪਲਾਈਜ ਵਿਭਾਗ, ਪਠਾਨਕੋਟ।
11) ਜ਼ਿਲ੍ਹਾ ਮੰਡੀ ਅਫ਼ਸਰ, ਪਠਾਨਕੋਟ।
12) ਤਹਿਸੀਲਦਾਰ, ਪਠਾਨਕੋਟ/ ਧਾਰਕਲ੍ਹਾਂ।
13) ਸਮੂਹ ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ,ਪਠਾਨਕੋਟ।
14) ਮੁੱਖ ਖੇਤੀਬਾੜੀ ਅਫ਼ਸਰ, ਪਠਾਨਕੋਟ।
15) ਜ਼ਿਲ੍ਹਾ ਲੋਕ ਤੇ ਸੰਪਰਕ ਅਫ਼ਸਰ,ਪਠਾਨਕੋਟ ਭੇਜ ਕੇ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਸਬੰਧੀ ਆਪਣੇ ਪੱਧਰ ਤੇ ਪ੍ਰੈਸ ਨੋਟ ਵੀ ਜਾਰੀ ਕੀਤਾ ਜਾਵੇ।

ਸੰਯਮ ਅਗਰਵਾਲ, ਆਈ.ਏ.ਐਸ
ਜ਼ਿਲ੍ਹਾ ਮੈਜਿਸਟਰੇਟ,
ਪਠਾਨਕੋਟ।

Scanned with CamScanner